**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 24-09-2024**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ- ਪ੍ਰਭਾਵਸ਼ਾਲੀ ਆਡਿਟ ਕਾਰਜ ਲਈ ਤਕਨਾਲੋਜੀ ਦਾ ਵਿਕਾਸ ਜ਼ਰੂਰੀ ਏ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੋਕ-ਪੱਖੀ ਨੀਤੀਆਂ ਦੇ ਫਾਇਦੇ ਜ਼ਮੀਨੀ ਪੱਧਰ ਉਤੇ ਲੋਕਾਂ ਤੱਕ ਪਹੁੰਚਾਉਣ ਨੂੰ ਯਕੀਨੀ ਬਣਾਉਣਾ ਸਮੇਂ ਦੀ ਜ਼ਰੂਰਤ ਏ।
- PIB ਜਲੰਧਰ ਅਤੇ ਤਰਨਤਾਰਨ ਨਹਿਰੂ ਯੁਵਾ ਕੇਂਦਰ ਵੱਲੋਂ ਸਵੱਛਤਾ ਹੀ ਸੇਵਾ ਤਹਿਤ ਵੱਖ ਵੱਖ ਗਤੀਵਿਧੀਆਂ ਦਾ ਆਯੋਜਨ।
- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੰਮ੍ਰਿਤਸਰ ਸਥਿਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ, ਭਾਈ ਲਾਲੋ ਜੀ ਦਾ ਜਨਮ ਦਿਹਾੜਾ ਸ਼ਰਧਾ ਨਾਲ ਮਨਾਇਆ ਗਿਆ।

---------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਆਡਿਟ ਨੂੰ ਆਪਣੇ ਨਿਗਰਾਨ ਕਾਰਜਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਕਰਨ ਦੇ ਯੋਗ ਬਣਾਉਣ ਲਈ, ਤਕਨੀਕੀ ਵਿਕਾਸ ਨਾਲ ਜੁੜੇ ਰਹਿਣ ਦੀ ਲੋੜ ਏ । ਅੱਜ ਨਵੀਂ ਦਿੱਲੀ ਵਿਖੇ ਸਰਵਉੱਚ ਲੇਖਾ ਸੰਸਥਾਨਾਂ ਦੇ ਏਸ਼ੀਆਈ ਸੰਗਠਨ ਦੀ 16ਵੀਂ ਸਭਾ ਦਾ ਉਦਘਾਟਨ ਕਰਦਿਆਂ ਰਾਸ਼ਟਰਪਤੀ ਨੇ ਕਿਹਾ ਕਿ ਜਨਤਕ ਖੇਤਰ ਦੇ ਆਡਿਟ ਦਾ ਅਧਿਕਾਰ ਰਵਾਇਤੀ ਆਡਿਟ ਤੋਂ ਅਗੇ ਜਾ ਚੁਕਿਆ ਏ । ਇਸ ਵਿੱਚ ਲੋਕ ਭਲਾਈ ਯੋਜਨਾਵਾਂ ਅਤੇ ਪ੍ਰੋਜੈਕਟਾਂ ਦੇ ਪ੍ਰਭਾਵ ਦਾ ਮੁਲਾਂਕਣ ਕਰਨਾ ਸ਼ਾਮਲ ਏ , ਜਿਸ ਨਾਲ ਸਾਰੇ ਨਾਗਰਿਕਾਂ ਲਈ ਬਰਾਬਰੀ ਵਾਲੀ ਸੇਵਾ ਨੂੰ ਯਕੀਨੀ ਬਣਾਇਆ ਜਾ ਸਕਦਾ ਏ । ਉਨ੍ਹਾਂ ਕਿਹਾ ਕਿ ਤਕਨਾਲੋਜੀ ਨਾਲ ਚੱਲਣ ਵਾਲੇ ਸੰਸਾਰ ਵਿੱਚ, ਤਕਨਾਲੋਜੀ ਦੀ ਵਰਤੋਂ ਕਰਕੇ ਵੱਧ ਤੋਂ ਵੱਧ ਜਨਤਕ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਨੇ । ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਅੱਜ, ਦੁਨੀਆ ਇਕ ਅਹਿਮ ਮੋੜ 'ਤੇ ਏ ਜਿੱਥੇ ਆਰਟੀਫ਼ੀਸ਼ੀਲ਼ ਇੰਟੈਲੀਜਨਸ , ਡੇਟਾ ਵਿਸ਼ਲੇਸ਼ਣ, ਮਸ਼ੀਨੀ ਸਿਖਲਾਈ ਅਤੇ ਭੂ-

ਸਥਾਨਕ ਤਕਨਾਲੋਜੀ ਵਰਗੀਆਂ ਉਭਰਦੀਆਂ ਡਿਜੀਟਲ ਤਕਨਾਲੋਜੀਆਂ ਆਧੁਨਿਕ ਸ਼ਾਸਨ ਦੀ ਰੀੜ੍ਹ ਬਣ ਰਹੀਆਂ ਨੇ। ਉਨ੍ਹਾਂ ਕਿਹਾ ਕਿ ਭਾਰਤੀ ਸੰਵਿਧਾਨ ਨੇ ਕੈਗ ਦਫਤਰ ਨੂੰ ਵਿਆਪਕ ਸ਼ਕਤੀਆਂ ਅਤੇ ਪੂਰਨ ਖੁਦ-ਮੁਖਤਿਆਰੀ ਪ੍ਰਦਾਨ ਕੀਤੀ ਏ । ਰਾਸ਼ਟਰਪਤੀ ਨੇ ਕਿਹਾ ਕਿ ਕੈਗ ਦਾ ਦਫਤਰ ਸੰਵਿਧਾਨ ਨਿਰਮਾਤਾਵਾਂ ਦੀਆਂ ਉਮੀਦਾਂ 'ਤੇ ਖਰਾ ਉਤਰਿਆ ਏ । ਚਾਰ ਦਿਨਾਂ ਦੀ ਕਾਨਫਰੰਸ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਨੂੰ ਉਤਸ਼ਾਹਤ ਕਰਨ ਵਿੱਚ ਸੁਪਰੀਮ ਆਡਿਟ ਸੰਸਥਾਵਾਂ ਦੀ ਉੱਭਰਦੀ ਭੂਮਿਕਾ 'ਤੇ ਚਰਚਾ ਦੀ ਇੱਕ ਲੜੀ ਹੋਵੇਗੀ ।

---------------------------------------------------------------

ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ, ਅੱਜ ਨਵੀਂ ਦਿੱਲੀ ਵਿੱਚ ਕਿਸਾਨਾਂ ਅਤੇ ਕਿਸਾਨ ਯੂਨੀਅਨ ਨਾਲ ਗੱਲਬਾਤ ਕੀਤੀ। ਮੀਟਿੰਗ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਸ੍ਰੀ ਚੌਹਾਨ ਨੇ ਕਿਹਾ, ਕਿ ਉਨ੍ਹਾਂ ਨੇ ਕਰੀਬ 50 ਕਿਸਾਨ ਆਗੂਆਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ

ਚਿੰਤਾਵਾਂ ਸੁਣੀਆਂ। ਉਨ੍ਹਾਂ ਕਿਹਾ ਕਿ ਖੇਤੀਬਾੜੀ, ਭਾਰਤੀ ਅਰਥਚਾਰੇ ਦੀ ਰੀੜ੍ਹ ਏ ਅਤੇ ਕਿਸਾਨ ਇਸ ਦੀ ਰੂਹ ਨੇ।

---------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਤਰੀ ਮੰਡਲ ਵਿੱਚ ਸ਼ਾਮਲ ਹੋਏ ਨਵੇਂ ਮੰਤਰੀਆਂ ਨੂੰ ਸਲਾਹ ਦਿੱਤੀ ਕਿ ਉਹ ਆਪਣਾ ਕੰਮ ਸਮਰਪਣ, ਸੰਜੀਦਗੀ ਤੇ ਵਚਨਬੱਧਤਾ ਨਾਲ ਕਰਨ ਤਾਂ ਕਿ ਲੋਕ-ਪੱਖੀ ਯੋਜਨਾਵਾਂ ਦਾ ਲਾਭ ਜ਼ਮੀਨੀ ਪੱਧਰ ਉਤੇ ਲੋਕਾਂ ਤੱਕ ਪੁੱਜਣਾ ਯਕੀਨੀ ਬਣ ਸਕੇ। ਚੰਡੀਗੜ੍ਹ ਵਿਖੇ ਕੈਬਨਿਟ ਮੰਤਰੀਆਂ ਨਾਲ ਗੱਲਬਾਤ ਕਰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹਰੇਕ ਮੰਤਰੀ ਦਾ ਫ਼ਰਜ਼ ਬਣਦਾ ਏ ਕਿ ਲੋਕਾਂ ਦੀ ਭਲਾਈ ਅਤੇ ਸੂਬੇ ਦੀ ਤਰੱਕੀ ਲਈ ਮਿਹਨਤ ਕਰਨ। ਉਨ੍ਹਾਂ ਮੰਤਰੀਆਂ ਨੂੰ ਕਿਹਾ ਕਿ ਉਹ ਮਿਸ਼ਨਰੀ ਉਤਸ਼ਾਹ ਨਾਲ ਲੋਕਾਂ ਦੀ ਸੇਵਾ ਕਰਨ ਤਾਂ ਕਿ ਜਨਤਕ ਮਹੱਤਵ ਵਾਲੇ ਮਸਲੇ ਛੇਤੀ ਹੱਲ ਹੋਣ। ਉਨ੍ਹਾਂ ਉਮੀਦ ਜਤਾਈ ਕਿ ਨਵੇਂ ਮੰਤਰੀ ਇਨ੍ਹਾਂ ਸਕੀਮਾਂ ਨੂੰ ਲਾਗੂ ਕਰਨਾ ਯਕੀਨੀ ਬਣਾਉਣਗੇ। ਉਨ੍ਹਾਂ ਨੇ ਆਸ ਪ੍ਰਗਟਾਈ ਕਿ ਨਵੇਂ ਮੰਤਰੀ

ਸੂਬਾ ਸਰਕਾਰ ਦੀਆਂ ਨੀਤੀਆਂ ਅਤੇ ਪ੍ਰੋਗਰਾਮਾਂ ਨੂੰ ਪੂਰੀ ਤੇਜ਼ੀ ਨਾਲ ਤੇ ਸਹੀ ਦਿਸ਼ਾ ਵਿੱਚ ਲਾਗੂ ਕਰਨ ਲਈ ਪ੍ਰੇਰਕ ਵਜੋਂ ਕੰਮ ਕਰਨਗੇ।

---

ਯੂਥ ਅਕਾਲੀ ਦਲ ਦੇ ਪ੍ਰਧਾਨ ਸਰਬਜੀਤ ਝਿੰਜਰ ਨੇ, ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਫੇਲ੍ਹ ਹੋਏ ਸਿੱਖਿਆ ਮਾਡਲ ਲਈ ਸਖ਼ਤ ਨਿਖੇਧੀ ਕੀਤੀ ਏ। ਉਨ੍ਹਾਂ ਸਰਵਉੱਚ ਅਦਾਲਤ ਦੇ ਹਾਲ ਹੀ ਵਿੱਚ ਐਮ.ਬੀ.ਬੀ.ਐਸ ਦਾਖ਼ਲਿਆਂ ਵਿੱਚ NRI ਕੋਟੇ ਬਾਰੇ ਦਿੱਤੇ ਫੈਸਲੇ ਦਾ ਹਵਾਲਾ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਵਿੱਚ ਵਿਦਿਆਰਥੀਆਂ ਨਾਲ ਘਪਲੇ ਕਰਨ ਦੀ ਕੋਸ਼ਿਸ਼ ਨੂੰ ਸਰਵਉੱਚ ਅਦਾਲਤ ਦੇ ਫੈਸਲੇ ਨੇ ਉਜਾਗਰ ਕਰ ਦਿੱਤਾ ਏ, ਜਿਸ ਵਿੱਚ NRI ਕੋਟਾ ਪ੍ਰਣਾਲੀ ਨੂੰ 'ਧੋਖਾਧੜੀ' ਅਤੇ 'ਸ਼ੋਸ਼ਣਕਾਰੀ' ਕਰਾਰ ਦਿੱਤਾ ਗਿਆ ਏ। ਇਹ ਵਿਸ਼ਵਾਸਘਾਤ ਦਾ ਇੱਕ ਸਪੱਸ਼ਟ ਮਾਮਲਾ ਏ। ਉਨ੍ਹਾਂ ਕਿਹਾ ਕਿ ਦਾਖਲਾ ਪ੍ਰਕਿਰਿਆ ਦੀ ਸਮੀਖਿਆ ਅਤੇ ਸੁਧਾਰ ਕਰਨ ਲਈ ਅਦਾਲਤ ਦਾ ਨਿਰਦੇਸ਼ ਸਰਕਾਰ ਦੀ ਅਸਫਲਤਾ ਨੂੰ ਦਰਸਾਉਂਦਾ ਏ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ , ਸਿੱਖਿਆ ਅਤੇ ਸਿਹਤ ਸੁਧਾਰਾਂ ਦਾ ਵਾਅਦਾ

ਕਰਕੇ ਦੋਵੇਂ ਮੋਰਚਿਆਂ 'ਤੇ ਅਸਫਲ ਰਹੀ ਏ । ਪਰਿਵਰਤਨਸ਼ੀਲ ਸਿੱਖਿਆ ਅਤੇ ਸਿਹਤ ਸੰਭਾਲ ਸੁਧਾਰਾਂ ਦੇ ਉਨ੍ਹਾਂ ਦੇ ਵਾਅਦੇ ਖੋਖਲੇ ਸਾਬਤ ਹੋਏ ਨੇ, ਅਤੇ ਪੰਜਾਬ ਦੇ ਲੋਕਾਂ ਨੂੰ ਉਨ੍ਹਾਂ ਦੀ ਅਯੋਗਤਾ ਦੀ ਕੀਮਤ ਚੁਕਾਉਣੀ ਪੈ ਰਹੀ ਏ ।

-----------------------------------------------

ਆਯੁਸ਼ਮਾਨ ਭਾਰਤ - ਪ੍ਰਧਾਨ ਮੰਤਰੀ ਜਨ ਅਰੋਗਿਆ ਯੋਜਨਾ ਦੇ 6 ਸਾਲ ਪੂਰੇ ਹੋਣ ਮੌਕੇ ਪੰਜਾਬ ਦੇ ਵੱਖ ਵੱਖ ਜ਼ਿਲਿਆਂ ਤੋਂ ਵੀ ਆਯੁਸ਼ਮਾਨ ਭਾਰਤ - ਪ੍ਰਧਾਨ ਮੰਤਰੀ ਜਨ ਅਰੋਗਿਆ ਯੋਜਨਾ ਦੇ ਲਾਭਪਾਤਰੀਂਆ ਨੇ ਇਸ ਬਾਰੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ।

**BYTE:**

-----------------------------------------------

ਪੱਤਰ ਸੂਚਨਾ ਦਫ਼ਤਰ, ਜਲੰਧਰ ਵੱਲੋਂ ਸਵੱਛਤਾ ਹੀ ਸੇਵਾ ਤਹਿਤ ਪੂਰੇ ਉਤਸ਼ਾਹ ਨਾਲ ਲਗਾਤਾਰ ਸਵੱਛਤਾ ਸਬੰਧੀ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਨੇ । ਇਸ ਤਹਿਤ ਅੱਜ PIB ਦਫ਼ਤਰ ਦੇ ਸਮੂਹ ਕਰਮਚਾਰੀਆਂ ਨੇ ‘ਦਫ਼ਤਰ ਨੂੰ ਪਲਾਸਟਿਕ ਮੁਕਤ ਬਣਾਵਾਂਗੇ, ਸਵੱਛਤਾ ਅਪਣਾਵਾਂਗੇ’

ਦਾ ਨਾਅਰਾ ਬੁਲੰਦ ਕਰਦਿਆਂ, ਆਪਣੇ ਦਫ਼ਤਰ ਅਤੇ ਇਸ ਦੇ ਆਲੇ-ਦੁਆਲੇ ਪਲਾਸਟਿਕ ਦੇ ਲਿਫ਼ਾਫ਼ੇ, ਤੇ ਬੋਤਲਾਂ ਚੁੱਕ ਕੇ ਸਫ਼ਾਈ ਕੀਤੀ । ਮੁਲਾਜ਼ਮਾਂ ਨੇ ਆਪਣੀ ਰੋਜ਼ਮਰ੍ਹਾ ਦੀ ਜ਼ਿੰਦਗੀ ਵਿੱਚ ਘੱਟ ਤੋਂ ਘੱਟ ਪਲਾਸਟਿਕ ਦੀ ਵਰਤੋਂ ਕਰਨ ਦਾ ਪ੍ਰਣ ਵੀ ਲਿਆ ਗਿਆ। ਮੀਡੀਆ ਅਤੇ ਸੰਚਾਰ ਅਧਿਕਾਰੀ ਡਾ. ਵਿਕਰਮ ਸਿੰਘ ਨੇ ਕਿਹਾ ਕਿ ਮੁਲਾਜ਼ਮਾਂ ਵੱਲੋਂ ਕੀਤੀਆਂ ਜਾ ਰਹੀਆਂ ਸਵੱਛਤਾ ਗਤੀਵਿਧੀਆਂ ਅਭਿਆਨ ਮਗਰੋਂ ਵੀ ਜਾਰੀ ਰੱਖੀਆਂ ਜਾਣਗੀਆਂ।

---

ਓਧਰ ਤਰਨਤਾਰਨ ਨਹਿਰੂ ਯੁਵਾ ਕੇਂਦਰ, ਕੇਂਦਰੀ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਵੱਲੋਂ, ਨਾਮਧਾਰੀ ਸਪੋਰਟਸ ਕਲੱਬ ਦੇ ਸਹਿਯੋਗ ਨਾਲ ਪਿੰਡ ਵਾਰਿਆਣਾ ਵਿਖੇ, ਸਵੱਛਤਾ ਹੀ ਸੇਵਾ ਮੁਹਿੰਮ ਚਲਾਈ ਗਈ । ਇਸ ਪ੍ਰੋਗਰਾਮ ਵਿੱਚ ਨਾਮਧਾਰੀ ਸਪੋਰਟਸ ਕਲੱਬ ਦੇ ਚੇਅਰਮੈਨ ਹਰਜੀਤ ਸਿੰਘ, ਪ੍ਰਧਾਨ ਸ਼ਮਸ਼ੇਰ ਸਿੰਘ, ਪਿੰਡ ਦੇ ਸਰਪੰਚ, ਕਲੱਬ ਦੇ ਹੋਰ ਮੈਂਬਰ ਮੌਜੂਦ ਰਹੇ । ਸਾਰਿਆਂ ਨੇ ਸਵੱਛਤਾ ਦਾ ਅਹਿਦ ਲਿਆ। ਪਿੰਡ ਦੀਆਂ ਗਲੀਆਂ ਵਿੱਚ ਸਫ਼ਾਈ ਕੀਤੀ ਗਈ । ਮੈਂਬਰਾਂ ਨੇ ਅੰਮ੍ਰਿਤ ਸਰੋਵਰ ਨੇੜੇ

ਇਕੋ ਵਾਰ ਇਸਤੇਮਾਲ ਹੋਣ ਵਾਲਾ ਕਰੀਬ 200 ਕਿਲੋ ਪਲਾਸਟਿਕ ਇਕੱਠਾ ਕਰਕੇ ਇਸ ਕੂੜੇ ਦਾ ਨਿਪਟਾਰਾ ਕੀਤਾ। ਜ਼ਿਲ੍ਹਾ ਯੂਥ ਅਫ਼ਸਰ ਜਸਲੀਨ ਕੌਰ ਨੇ ਦੱਸਿਆ ਕਿ ਇਹ ਸਵੱਛਤਾ ਹੀ ਸੇਵਾ ਮੁਹਿੰਮ 2 ਅਕਤੂਬਰ ਤੱਕ ਦੇਸ਼ ਭਰ ਵਿੱਚ ਚਲਾਈ ਜਾ ਰਹੀ ਏ , ਜਿਸ ਵਿੱਚ ਸਮਾਜ ਦੇ ਵੱਖ-ਵੱਖ ਵਰਗ ਖਾਸ ਕਰਕੇ ਨੌਜਵਾਨ ਇਸ ਸਵੱਛਤਾ ਮੁਹਿੰਮ ਵਿੱਚ ਵੱਧ ਚੜ੍ਹ ਕੇ ਹਿੱਸਾ ਲੈ ਰਹੇ ਨੇ। ਇਹ ਮੁਹਿੰਮ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਯੂਥ ਕਲੱਬਾਂ ਵਲੋਂ ਰਾਹੀਂ ਚਲਾਈ ਜਾ ਰਹੀ ਏ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਇਸ ਸਵੱਛ ਭਾਰਤ ਅਭਿਆਨ ਨੂੰ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਉਣ ਅਤੇ ਪਲਾਸਟਿਕ ਦੀ ਵਰਤੋਂ ਬੰਦ ਕਰਨ ਅਤੇ ਇਸ ਦੀ ਬਜਾਏ ਕੱਪੜੇ ਦੇ ਥੈਲਿਆਂ ਦੀ ਵਰਤੋਂ ਕਰਨ।

---------------------------------------------------------------

ਉੱਤਰੀ ਰੇਲਵੇ ਮਜ਼ਦੂਰ ਜਥੇਬੰਦੀ ਨੇ ਯੂਨੀਫਾਈਡ ਪੈਨਸ਼ਨ ਸਕੀਮ ਰੱਦ ਕਰਨ ਅਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦੀ ਮੰਗ ਨੂੰ ਲੈ ਕੇ ਸਰਹਿੰਦ ਰੇਲਵੇ ਸਟੇਸ਼ਨ ’ਤੇ ਧਰਨਾ ਦਿੱਤਾ। ਸਰਹਿੰਦ ਬਰਾਂਚ ਦੇ

ਸਕੱਤਰ ਰਵੀ ਸ਼ੰਕਰ ਨੇ ਕਿਹਾ ਕਿ ਸਰਕਾਰ ਰੇਲਵੇ ਮੁਲਾਜ਼ਮਾਂ ਨਾਲ ਲਗਾਤਾਰ ਧੱਕਾ ਕਰ ਰਹੀ ਏ ਅਤੇ ਉਨ੍ਹਾਂ ਦੀਆਂ ਮੰਗਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ, ਜਿਸ ਕਾਰਨ ਰੇਲਵੇ ਮੁਲਾਜ਼ਮਾਂ ਵਿੱਚ ਸਰਕਾਰ ਪ੍ਰਤੀ ਰੋਸ ਵੱਧਦਾ ਜਾ ਰਿਹਾ ਏ। ਰਵੀ ਸ਼ੰਕਰ ਨੇ ਕਿਹਾ ਕਿ ਉਨ੍ਹਾਂ ਦਾ ਧਰਨਾ 27 ਸਤੰਬਰ ਤੱਕ ਜਾਰੀ ਰਹੇਗਾ, ਜੇਕਰ ਇਸ ਤੋਂ ਬਾਅਦ ਵੀ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਨਾ ਮੰਨੀਆਂ ਤਾਂ ਜਥੇਬੰਦੀ ਵੱਲੋਂ ਸੰਘਰਸ਼ ਤੇਜ਼ ਕੀਤਾ ਜਾਵੇਗਾ।

---------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੰਮ੍ਰਿਤਸਰ ਸਥਿਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ, ਸ੍ਰੀ ਗੁਰੂ ਨਾਨਕ ਦੇਵ ਜੀ ਦੇ ਕਿਰਤੀ ਸਿੱਖ ਭਾਈ ਲਾਲੋ ਜੀ ਦਾ ਜਨਮ ਦਿਹਾੜਾ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਪਲਵਿੰਦਰ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਭਾਈ ਵਿਸ਼ਾਲ ਸਿੰਘ ਨੇ ਭਾਈ ਲਾਲੋ ਜੀ ਦੇ ਜੀਵਨ ਸਬੰਧੀ ਵਿਚਾਰ ਕਰਦਿਆਂ ਕਿਹਾ ਕਿ ਉਨ੍ਹਾਂ ਦਾ

ਜੀਵਨ ਸਮਾਜ ਲਈ ਇਕ ਸੁਚੱਜਾ ਮਾਰਗ ਦਰਸ਼ਨ ਏ, ਜਿਸ ਤੋਂ ਅਗਵਾਈ ਲੈ ਕੇ ਧਰਮ ਦੀ ਕਿਰਤ ਕਰਦਿਆਂ ਕਰਤਾ ਪੁਰਖ ਨਾਲ ਜੁੜਨ ਦੀ ਪ੍ਰੇਰਣਾ ਮਿਲਦੀ ਏ।

-----------------------------------------------------

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਪਟਿਆਲਾ ਵਿਖੇ ਕਿਸਾਨ ਮੇਲਾ ਲਗਾਇਆ ਗਿਆ, ਜਿਸ ਵਿਚ ਵੱਡੀ ਗਿਣਤੀ ਕਿਸਾਨਾਂ ਅਤੇ ਕਿਸਾਨ ਬੀਬੀਆਂ ਨੇ ਸ਼ਿਰਕਤ ਕੀਤੀ। ਇਸ ਕਿਸਾਨ ਮੇਲੇ ਵਿਚ ਪੀ.ਏ.ਯੂ.ਦੇ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਨੇ ਮੁੱਖ ਮਹਿਮਾਨ ਵੱਜੋਂ ਸ਼ਿਰਕਤ ਕੀਤੀ। ਡਿਪਟੀ ਕਮਿਸ਼ਨਰਡਾ. ਪ੍ਰੀਤੀ ਯਾਦਵ ਸਮੇਤ ਹੋਰ ਪਤਵੰਤੇ ਵੀ ਮੌਜੂਦ ਰਹੇ। ਡਾ. ਸਤਿਬੀਰ ਸਿੰਘ ਗੋਸਲ ਨੇ ਮੌਜੂਦਾ ਸਮੇਂ ਵਾਤਾਵਰਣ ਵਿਚ ਵੱਧ ਰਹੇ ਪ੍ਰਦੂਸ਼ਣ ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਸਾਡੇ ਕੁਦਰਤੀ ਸੋਮੇਂ ਅੱਜ ਸੰਕਟ ਗ੍ਰਸਤ ਹਾਲਾਤਾਂ ਨਾਲ ਜੂਝ ਰਹੇ ਹਨ, ਜਿਨ੍ਹਾਂ ਨੂੰ ਬਚਾਉਣਾ ਸਾਡੇ ਲਈ ਬਹੁਤ ਜ਼ਰੂਰੀ ਏ। ਖੇਤੀ ਵਿਰਾਸਤ ਨੂੰ ਅਗਲੀਆਂ ਪੀੜੀਆਂ ਤੱਕ ਪਹੁੰਚਾਉਣ ਲਈ ਕੁਦਰਤੀ ਸੋਮਿਆਂ ਦੇ ਰੱਖ-ਰਖਾਅ ਤੇ ਜ਼ੋਰ

ਦਿੰਦਿਆਂ ਉਨ੍ਹਾਂ ਕਿਹਾ ਕਿ ਸਾਨੂੰ ਫਸਲਾਂ ਦੀ ਰਹਿੰਦ-ਖੂਹੰਦ ਨੂੰ ਅੱਗ ਲਾਉਣ ਦੀ ਥਾਂ ਖੇਤਾਂ ਵਿਚ ਹੀ ਵਾਹੁਣਾ ਚਾਹੀਦਾ ਏ, ਕਿਉਕਿ ਇਸ ਨਾਲ ਮਿੱਟੀ ਦੀ ਉਪਜਾਊ ਸ਼ਕਤੀ ਵਧਦੀ ਏ ਅਤੇ ਵਾਤਾਵਰਣ ਵੀ ਪਲੀਤ ਹੋਣੋਂ ਬਚਿਆ ਰਹਿੰਦਾ ਏ । ਜਲ-ਸੋਮਿਆਂ ਦੀ ਬਚਤ ਲਈ ਉਨ੍ਹਾਂ ਨੇ ਧਰਤੀ ਹੇਠਲੇ ਪਾਣੀ ਦੀ ਥਾਂ ਨਹਿਰੀ ਪਾਣੀ ਦੀ ਵਰਤੋਂ ਕਰਨ, ਘੱਟ ਪਾਣੀ ਲੈਣ ਵਾਲੀਆਂ ਕਿਸਮਾਂ ਦੀ ਬਿਜਾਈ ਕਰਨ ਅਤੇ ਤੁਪਕਾ ਸਿੰਚਾਈ ਵਰਗੀਆਂ ਤਕਨੀਕਾਂ ਅਪਣਾਉਣ ਦੀ ਅਪੀਲ ਕੀਤੀ। ਖੇਤੀ ਸਬੰਧੀ ਸਮੁੱਚੀ ਜਾਣਕਾਰੀ ਰੇਡੀਓ ਅਤੇ ਟੀ.ਵੀ. ਪ੍ਰੋਗਰਾਮਾਂ ਤੋਂ ਹਾਸਿਲ ਕਰਨ ਦੇ ਨਾਲ-ਨਾਲ ਉਨ੍ਹਾਂ ਨੇ ਕਿਸਾਨਾਂ ਨੂੰ ਪੀ.ਏ.ਯੂ. ਦੇ ਫੇਸਬੁੱਕ ਲਾਈਵ ਪ੍ਰੋਗਰਾਮ, ਯੂ.ਟਿਊਬ ਚੈਨਲਜ਼ ਅਤੇ ਖੇਤੀ ਸੰਦੇਸ਼ ਨਾਲ ਜੁੜਣ ਦੀ ਅਪੀਲ ਕੀਤੀ । ਡਾ. ਪ੍ਰੀਤੀ ਯਾਦਵ ਨੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਸਾੜ ਕੇ ਵਾਤਾਵਰਣ ਨੂੰ ਦੂਸ਼ਿਤ ਕਰਨ ਤੋਂ ਗੁਰੇਜ਼ ਕਰਦਿਆਂ ਕਿਹਾ ਕਿ ਇਸ ਦੀ ਸਾਭ-ਸੰਭਾਲ ਲਈ ਪੀ.ਏ.ਯੂ. ਵੱਲੋਂ ਵਿਕਸਿਤ ਕੀਤੀਆਂ ਤਕਨੀਕਾਂ ਅਤੇ ਖੇਤ ਮਸ਼ੀਨਰੀ ਅਪਣਾਉਣੀ ਚਾਹੀਦੀ ਏ । ਉੱਘੇ ਸਬਜ਼ੀ ਵਿਗਿਆਨੀ ਡਾ. ਦਵਿੰਦਰ ਸਿੰਘ ਚੀਮਾ ਨੇ ਕਿਸਾਨਾਂ ਨੂੰ ਕਣਕ, ਝੋਨੇ ਦੇ

ਫਸਲੀ ਚੱਕਰ ਵਿਚੋਂ ਨਿਕਲ ਕੇ ਖੇਤੀ ਵਿਭਿੰਨਤਾ ਨੂੰ ਅਪਣਾਉਣ ਦੀ ਸਿਫਾਰਸ਼ ਕਰਦਿਆਂ ਸਬਜ਼ੀਆਂ ਅਤੇ ਫਲਾਂ ਦੀਆਂ ਫਸਲਾਂ ਨੂੰ ਲਾਉਣ ਲਈ ਕਿਹਾ।

---------------------------------------------

## <u>ਆਖ਼ਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ</u>

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ- ਪ੍ਰਭਾਵਸ਼ਾਲੀ ਆਡਿਟ ਕਾਰਜ ਲਈ ਤਕਨਾਲੋਜੀ ਦਾ ਵਿਕਾਸ ਜ਼ਰੂਰੀ ਏ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੋਕ-ਪੱਖੀ ਨੀਤੀਆਂ ਦੇ ਫਾਇਦੇ ਜ਼ਮੀਨੀ ਪੱਧਰ ਉਤੇ ਲੋਕਾਂ ਤੱਕ ਪਹੁੰਚਾਉਣ ਨੂੰ ਯਕੀਨੀ ਬਣਾਉਣਾ ਸਮੇਂ ਦੀ ਜ਼ਰੂਰਤ ਏ।
- PIB ਜਲੰਧਰ ਅਤੇ ਤਰਨਤਾਰਨ ਨਹਿਰੂ ਯੁਵਾ ਕੇਂਦਰ ਵੱਲੋਂ ਸਵੱਛਤਾ ਹੀ ਸੇਵਾ ਤਹਿਤ ਵੱਖ ਵੱਖ ਗਤੀਵਿਧੀਆਂ ਦਾ ਆਯੋਜਨ।
- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੰਮ੍ਰਿਤਸਰ ਸਥਿਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ, ਭਾਈ ਲਾਲੋ ਜੀ ਦਾ ਜਨਮ ਦਿਹਾੜਾ ਸ਼ਰਧਾ ਨਾਲ ਮਨਾਇਆ ਗਿਆ।